Khalsa School Calgary
ਖਾਲਸਾ ਸਕੂਲ ਕੈਲਗਰੀ
245228 Conrich RD, Conrich, AB, T1Z 0N8
Phone: 403-293-7712 Fax: 403-293-2245

ਵਾਹਿਗੁਰੂ ਜੀ ਕਾ ਖ਼ਾਲਸਾ।।
ਵਾਹਿਗੁਰੂ ਜੀ ਕੀ ਫ਼ਤਹਿ।।

ਪੰਜਾਬੀ ਕਲਾਸਾਂ

ਕਿੰਡਰਗਾਰਟਨ ਤੋਂ ਗਰੇਡ 9 ਦੇ ਵਿਦਿਆਰਥੀ ਪੰਜਾਬੀ ਕਲਾਸਾਂ ਵਿੱਚ ਆਪਣੇ ਗਰੇਡ ਲੈਵਲ ਅਨੁਸਾਰ ਗੁਰਮੁਖੀ ਪੜ੍ਹਨ ਅਤੇ ਲਿਖਣ ਦਾ ਅਭਿਆਸ ਸ਼ੁਰੂ ਕਰ ਚੁੱਕੇ ਹਨ।

ਗੁਰਮਤਿ ਕਲਾਸਾਂ

ਗੁਰਮਤਿ ਕਲਾਸਾਂ ਵਿੱਚ ਕਿੰਡਰਗਾਰਟਨ ਤੋਂ ਗਰੇਡ 9 ਦੇ ਵਿਦਿਆਰਥੀ ਆਪਣੇ ਗਰੇਡ ਲੈਵਲ ਅਨੁਸਾਰ ਮੁੱਢਲੀ ਗੁਰਮਤਿ ਸਿੱਖਿਆ ਦਾ ਅਭਿਆਸ ਕਰ ਰਹੇ ਹਨ। ਗਰੇਡ 4 ਤੋਂ ਗਰੇਡ 9 ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਤੇ ਗੁਰੂ ਗ੍ਰੰਥ ਸਾਹਿਬ ਜੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਵਸ

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਸੰਸਾਰ ਭਰ ਵਿੱਚ ਵਸਦੀਆਂ ਸਿੱਖ-ਸੰਗਤਾਂ ਵਲੋਂ 12 ਸਤੰਬਰ ਨੂੰ ਮਨਾਏ ਗਏ ਹਨ। ਖ਼ਾਲਸਾ ਸਕੂਲ ਦੇ ਸਮੂਹ ਸਟਾਫ਼ ਵੱਲੋਂ ਸਾਰੇ ਮਾਪਿਆਂ ਨੂੰ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਦੀਆਂ ਬਹੁਤ-ਬਹੁਤ ਵਧਾਈਆਂ ਹੋਵਣ।

ਖ਼ਾਲਸਾ ਸਕੂਲ ਦੇ ਵਿਦਿਆਰਥੀ ਅਕਤੂਬਰ ਮਹੀਨੇ ਵਿੱਚ ਆਉਣ ਵਾਲੇ ਹੇਠ ਲਿਖੇ ਇਤਿਹਾਸਿਕ ਦਿਹਾੜਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨਗੇ।

- ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ।
- ਜਨਮ ਦਿਹਾੜਾ ਭਾਈ ਤਾਰੂ ਸਿੰਘ ਜੀ ਅਤੇ ਬਾਬਾ ਬੁੱਢਾ ਸਾਹਿਬ ਜੀ।
- ਗੁਰਗੱਦੀ ਦਿਵਸ ਸ੍ਰੀ ਗੁਰੂ ਅੰਗਦ ਦੇਵ ਜੀ।
- ਸਾਕਾ ਸ੍ਰੀ ਪੰਜਾ ਸਾਹਿਬ ਜੀ।

Khalsa School Calgary

ਖ਼ਾਲਸਾ ਸਕੂਲ ਕੈਲਗਰੀ

245228 Conrich RD, Conrich, AB, T1Z 0N8

Phone: 403-293-7712 Fax: 403-293-2245

<u>ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ</u>

ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸੰਸਾਰ ਭਰ ਵਿੱਚ ਵਸਦੀਆਂ ਸਿੱਖ-ਸੰਗਤਾਂ ਵਲੋਂ 27 ਅਕਤੂਬਰ ਨੂੰ ਮਨਾਏ ਜਾਣਗੇ। ਖ਼ਾਲਸਾ ਸਕੂਲ ਦੇ ਸਮੂਹ ਸਟਾਫ਼ ਵੱਲੋਂ ਸਾਰੇ ਮਾਪਿਆਂ ਨੂੰ ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਦੀਆਂ ਬਹੁਤ-ਬਹੁਤ ਵਧਾਈਆਂ ਹੋਵਣ ਜੀ ।